# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :06-07-2026**

ਪੂਰਾ ਦੇਸ਼ ਅੱਜ ਭਾਰਤੀ ਜਨ ਸੰਘ ਦੇ ਸੰਸਥਾਪਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ ਜਨਮ ਵਰ੍ਹੇਗੰਢ 'ਤੇ ਓਹਨਾਂ ਨੂੰ ਨਮਨ ਕਰ ਰਿਹਾ ਏ। ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਅੱਜ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਉਨ੍ਹਾਂ ਦੀ 125ਵੀਂ ਜਨਮ ਵਰ੍ਹੇਗੰਢ 'ਤੇ ਉਪ ਰਾਸ਼ਟਰਪਤੀ ਭਵਨ ਵਿਖੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਜ਼ੋਰ ਦੇ ਕੇ ਕਿਹਾ ਕਿ ਰਾਸ਼ਟਰੀ ਏਕਤਾ ਅਤੇ ਅਖੰਡਤਾ ਦੀ ਦ੍ਰਿੜ ਮਿਸਾਲ ਵਜੋਂ, ਡਾ. ਮੁਖਰਜੀ ਨੇ ਜੰਮੂ-ਕਸ਼ਮੀਰ ਦੇ ਭਾਰਤ ਨਾਲ ਪੂਰਨ ਏਕੀਕਰਨ ਲਈ ਯਤਨਸ਼ੀਲ ਰਹਿੰਦੇ ਹੋਏ ਇਸ ਵਿੱਚ ਸਰ੍ਬੁਚ ਕੁਰਬਾਨੀ ਦਿੱਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਯਾਦ ਕਰਦਿਆਂ ਉਨ੍ਹਾਂ ਨੂੰ ਹਿੰਮਤ, ਰਾਸ਼ਟਰਵਾਦ ਅਤੇ ਨਿਰਸਵਾਰਥ ਸੇਵਾ ਦਾ ਸਦੀਵੀ ਪ੍ਰਤੀਕ ਦੱਸਿਆ। ਇੱਕ ਲੇਖ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਡਾ. ਮੁਖਰਜੀ ਦਾ ਜੀਵਨ ਇੱਕ ਸੰਯੁਕਤ ਭਾਰਤ ਪ੍ਰਤੀ ਉਨ੍ਹਾਂ ਦੀ ਅਟੁੱਟ

ਵਚਨਬੱਧਤਾ ਦਾ ਪ੍ਰਮਾਣ ਏ। ਉਨ੍ਹਾਂ ਨੇ ਵੰਡ ਦੌਰਾਨ ਪੱਛਮੀ ਬੰਗਾਲ ਨੂੰ ਅਤੇ ਇਸ ਤੋਂ ਬਾਅਦ ਜੰਮੂ – ਕਸ਼ਮੀਰ ਨੂੰ ਭਾਰਤ ਦਾ ਅਨਿਖੜਵਾਂ ਅੰਗ ਬਣਾਈ ਰਖਣ ਨੂੰ ਯਕੀਨੀ ਬਣਾਇਆ . ਪ੍ਰਧਾਨ ਮੰਤਰੀ ਨੇ ਕਿਹਾ ਕਿ 2019 ਵਿੱਚ ਧਾਰਾ 370 ਅਤੇ 35A ਨੂੰ ਰੱਦ ਕਰਨਾ ਉਨ੍ਹਾਂ ਦੀ ਕੁਰਬਾਨੀ ਨੂੰ ਸਭ ਤੋਂ ਢੁੱਕਵੀਂ ਸ਼ਰਧਾਂਜਲੀ ਸੀ। ਸੱਭਿਆਚਾਰ ਮੰਤਰਾਲਾ, ਪੱਛਮੀ ਬੰਗਾਲ ਸਰਕਾਰ ਦੇ ਸਹਿਯੋਗ ਨਾਲ, ਇਸ ਮੌਕੇ ਨੂੰ ਮਨਾਉਣ ਲਈ ਕੋਲਕਾਤਾ ਵਿੱਚ ਇੱਕ ਵਿਸ਼ੇਸ਼ ਸਮਾਗਮ ਕਰ ਰਿਹਾ ਏ. ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਇਹ ਸਮਾਗਮ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125ਵੀਂ ਜਨਮ ਵਰ੍ਹੇਗੰਢ ਦੇ ਦੋ ਸਾਲਾ ਸਰਕਾਰੀ ਜਸ਼ਨਾਂ ਦੇ ਹਿੱਸੇ ਵਜੋਂ ਕਰਾਇਆ ਜਾ ਰਿਹਾ ਏ. ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਅੱਜ ਦੁਪਹਿਰ ਸ਼ਿਆਮਾ ਪ੍ਰਸਾਦ ਮੁਖਰਜੀ ਦੇ 125ਵੇਂ ਜਨਮ ਵਰ੍ਹੇਗੰਢ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਕੋਲਕਾਤਾ ਪਹੁੰਚਣਗੇ। ਉਹ ਨਿਊ ਟਾਊਨ ਵਿੱਚ ਈਕੋ ਪਾਰਕ ਦਾ ਦੌਰਾ ਕਰਨਗੇ, ਜਿੱਥੇ ਉਹ ਸ਼ਿਆਮਾ ਪ੍ਰਸਾਦ ਮੁਖਰਜੀ ਦੀ 125 ਫੁੱਟ ਉੱਚੀ ਮੂਰਤੀ ਦੇ ਨੀਂਹ ਪੱਥਰ ਰੱਖਣ ਦੇ ਸਮਾਰੋਹ ਵਿੱਚ ਹਿੱਸਾ ਲੈਣਗੇ।

---------------------------------------------------------

ਹੁਸ਼ਿਆਰਪੁਰ ਕੇਂਦਰੀ ਜੇਲ੍ਹ ਦੇ ਡਿਪਟੀ ਸੁਪਰਡੈਂਟ ਅਤੇ ਇੱਕ ਵਾਰਡਰ ਨੂੰ ਜੇਲ੍ਹ ਵਿੱਚ ਨਸ਼ੀਲੇ ਪਦਾਰਥਾਂ ਅਤੇ ਮੋਬਾਈਲ ਫੋਨਾਂ ਦੀ ਤਸਕਰੀ

ਵਿੱਚ ਮਦਦ ਕਰਨ ਦੇ ਇਲ੍ਜ਼ਾਮ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਏ । ਪੁਲਿਸ ਨੇ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਸੰਦੇਸ਼ ਵਿੱਚ ਇੱਕ ਕੈਦੀ ਵਲੋਂ ਲਾਏ ਗਏ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇਲਜ਼ਾਮਾਂ ਦੀ ਜਾਂਚ ਤੋਂ ਬਾਅਦ ਕਾਰਵਾਈ ਕੀਤੀ। ਕੈਦੀ ਨੇ ਜੇਲ੍ਹ ਤੋਂ ਬਾਹਰ ਆਉਣ ਤੋਂ ਤੁਰੰਤ ਬਾਅਦ ਵੀਡੀਓ ਜਾਰੀ ਕੀਤਾ। ਇਲ੍ਜ਼ਾਮ ਲਾਇਆ ਗਿਆ ਸੀ ਕਿ ਡਿਪਟੀ ਜੇਲ੍ਹ ਸੁਪਰਡੈਂਟ ਹਰਭਜਨ ਸਿੰਘ ਨੇ ਉਸਨੂੰ ਜੇਲ੍ਹ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਲਈ ਮਜਬੂਰ ਕੀਤਾ ਸੀ ਅਤੇ ਸਹਿਯੋਗ ਕਰਨ ਤੋਂ ਇਨਕਾਰ ਕਰਨ 'ਤੇ ਉਸਨੂੰ ਤੰਗ-ਪ੍ਰੇਸ਼ਾਨ ਕੀਤਾ ਗਿਆ ਤੇ ਅਤੇ ਤਸੀਹੇ ਦਿੱਤੇ। ਕੱਲ੍ਹ ਮੀਡੀਆ ਨੂੰ ਸੰਬੋਧਨ ਕਰਦੇ ਹੋਏ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਸੰਦੀਪ ਮਲਿਕ ਨੇ ਕਿਹਾ ਕਿ ਸੋਸ਼ਲ ਮੀਡੀਆ ਪੋਸਟ, ਸਾਹਮਣੇ ਆਉਣ ਤੋਂ ਬਾਅਦ ਜੇਲ੍ਹ ਵਿਭਾਗ ਨੇ 14 ਜੂਨ ਨੂੰ ਸ਼ਿਕਾਇਤ ਦਰਜ ਕਰਵਾਈ ਸੀ। ਮੁੱਢਲੀ ਜਾਂਚ ਦੌਰਾਨ, ਜੇਲ੍ਹ ਵਿੱਚੋਂ ਇੱਕ ਮੋਬਾਈਲ ਫੋਨ ਬਰਾਮਦ ਹੋਇਆ ਸੀ, ਜਿਸ ਤੋਂ ਬਾਅਦ ਸ਼ਹਿਰ ਦੇ ਪੁਲਿਸ ਥਾਣੇ ਵਿੱਚ FIR ਦਰਜ ਕੀਤੀ ਗਈ ਸੀ। ਮਾਮਲੇ ਦੀ ਜਾਂਚ ਲਈ ਇੱਕ ਵਿਸ਼ੇਸ਼ ਜਾਂਚ ਟੀਮ ਵੀ ਬਣਾਈ ਗਈ ਏ । ਸਾਡੇ ਹੁਸ਼ਿਆਰਪੁਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਜਾਂਚ ਵਿੱਚ ਹੁਣ ਤੱਕ 12 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । ਪੁਲਿਸ ਨੇ ਇਹ ਵੀ ਕਿਹਾ ਕਿ ਉਨ੍ਹਾਂ ਨੇ ਮੋਬਾਈਲ ਫੋਨ ਬਰਾਮਦ ਕੀਤੇ ਨੇ ਅਤੇ ਕਈ ਲੱਖ

ਰੁਪਏ ਦੇ ਲੈਣ-ਦੇਣ ਦੇ ਸਬੂਤ ਇਕੱਠੇ ਕੀਤੇ ਨੇ, ਜੋ ਕਿ ਜੇਲ੍ਹ ਦੇ ਅੰਦਰ ਕੰਮ ਕਰ ਰਹੇ ਇੱਕ ਸੰਗਠਿਤ ਨੈੱਟਵਰਕ ਵੱਲ ਇਸ਼ਾਰਾ ਕਰਦੇ ਨੇ.

-------------------------------------------------------

ਪੰਜਾਬ ਦੇ ਆਜ਼ਾਦੀ ਘੁਲਾਟੀਆ, ਰੱਖਿਆ ਸੇਵਾਵਾਂ ਭਲਾਈ ਅਤੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਦਾ ਕਹਿਣਾ ਏ ਕਿ ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਅਤੇ ਸਨਮਾਨ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਉਪਰਾਲਾ ਕਰ ਰਹੀ ਏ । ਮੰਤਰੀ ਨੇ ਕਿਹਾ ਕਿ ਆਜ਼ਾਦੀ ਘੁਲਾਟੀਆਂ ਨੇ ਦੇਸ਼ ਦੀ ਆਜ਼ਾਦੀ ਲਈ ਅਦੁੱਤੀ ਕੁਰਬਾਨੀਆਂ ਦਿੱਤੀਆਂ ਨੇ ਅਤੇ ਉਨ੍ਹਾਂ ਦਾ ਯੋਗਦਾਨ ਸਦਾ ਸਤਿਕਾਰ ਅਤੇ ਸਨਮਾਨ ਦਾ ਹੱਕਦਾਰ ਰਹੇਗਾ। ਓਹਨਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸੁਤੰਤਰਤਾ ਸੰਗਰਾਮੀਆਂ, ਉਨ੍ਹਾਂ ਦੀਆਂ ਵਿਧਵਾਵਾਂ, ਅਣ-ਵਿਆਹੀਆਂ ਅਤੇ ਬੇਰੋਜ਼ਗਾਰ ਧੀਆਂ ਅਤੇ ਬੇਰੋਜ਼ਗਾਰ ਪੁੱਤਰਾਂ ਨੂੰ 11 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾ ਰਹੀ ਏ, ਤਾਂ ਜੋ ਉਨ੍ਹਾਂ ਨੂੰ ਸਨਮਾਨਯੋਗ ਜੀਵਨ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਲੋਕ-ਪੱਖੀ ਨੀਤੀਆਂ ਲਾਗੂ ਕਰ ਰਹੀ ਏ ਅਤੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਏ ।

--------------------------------------------------------

ਸੂਬੇ ਵਿੱਚ ਚੱਲ ਰਹੀ ਫੈਲਾਕੁੰਨ ਮੁਹਿੰਮ ’ਗੈਂਗਸਟਰਾਂ ਤੇ ਵਾਰ’ ਦੇ 166ਵੇਂ ਦਿਨ ਕਲ੍ਹ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 704 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। 166ਵੇਂ ਦਿਨ, ਪੁਲਿਸ ਟੀਮਾਂ ਨੇ 405 ਵਿਅਕਤੀਆਂ ਨੂੰ ਦੋ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 44 ਹਜ਼ਾਰ 102 ਹੋ ਗਈ ਏ. ਇਸ ਤੋਂ ਇਲਾਵਾ, 254 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਏ । ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 11 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਏ । ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93-946-93-946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਨੇ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਨੇ. ਨੰਬਰ ਇੱਕ ਵਾਰ ਫਿਰ ਸੁਣ ਲਓ 93-946-93-946.